# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ : 08-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਵਸਤੂ ਅਤੇ ਸੇਵਾ ਟੈਕਸ - GST ਕੌਂਸਲ ਨੇ ਟੈਕਸ ਅਧਿਕਾਰੀਆਂ ਦਾ ਗ੍ਰਿਫ਼ਤਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਏ। ਕੌਂਸਲ ਨੇ ਮੁਕੱਦਮਾ ਚਲਾਉਣ ਦੀ ਸੀਮਾ 1 ਕਰੋੜ ਰੁਪਏ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਕਨੈਕਟੀਵਿਟੀ ਨੇ ਸਿੱਖਿਆ, ਸਿਹਤ ਸੰਭਾਲ ਅਤੇ ਸਰਕਾਰੀ ਸੇਵਾਵਾਂ ਤੱਕ ਪਹੁੰਚ ਨੂੰ ਆਸਾਨ ਬਣਾਇਆ ਏ |

- ਭਾਰਤ ਨੇ ਪਿਛਲੇ ਸਾਲ 863 ਅਰਬ ਡਾਲਰ ਦੀ ਬਰਾਮਦ ਦਰਜ ਕੀਤੀ ਏ ਅਤੇ ਇਸ ਸਾਲ 1 ਟ੍ਰਿਲੀਅਨ ਡਾਲਰ ਤੱਕ ਪਹੁੰਚਣ ਦਾ ਟੀਚਾ ਰੱਖਿਆ ਏ।

- ELECTRONICS ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਸਰਕਾਰ ਸਟਾਰਟਅੱਪਸ ,ਸਿੱਖਿਆ ਸੰਸਥਾਵਾਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਲਈ ARTIFICIAL INTELLIGENCE ਤੱਕ ਪਹੁੰਚ ਯਕੀਨੀ ਬਣਾਉਣ ਲਈ ਵਚਨਬੱਧ ਏ ।

- ਕੈਨੇਡੀਅਨ ਲੇਖਿਕਾ Anne ਕਾਰਸਨ ਨੂੰ ਸਾਹਿਤ ਲਈ ਇਸ ਸਾਲ ਦਾ ਨੋਬਲ ਪੁਰਸਕਾਰ ਦਿੱਤਾ ਜਾਏਗਾ |

***ਹੁਣ ਖਬਰਾਂ ਵਿਸਥਾਰ ਨਾਲ***

ਵਸਤੂ ਅਤੇ ਸੇਵਾ ਟੈਕਸ - ਜੀਐਸਟੀ ਕੌਂਸਲ ਨੇ ਟੈਕਸ ਅਧਿਕਾਰੀਆਂ ਦਾ ਗ੍ਰਿਫ਼ਤਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਏ । ਕੌਂਸਲ ਨੇ ਮੁਕੱਦਮਾ ਚਲਾਉਣ ਦੀ ਸੀਮਾ 1 ਕਰੋੜ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਹੈ। ਅੱਜ ਨਵੀਂ ਦਿੱਲੀ ਵਿੱਚ ਜੀਐਸਟੀ ਕੌਂਸਲ ਦੀ ਮੀਟਿੰਗ ਤੋਂ ਬਾਅਦ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਕੌਂਸਲ ਨੇ ਗ੍ਰਿਫ਼ਤਾਰੀ ਦੀ ਸ਼ਕਤੀ ਨੂੰ ਖਤਮ ਕਰਨ ਅਤੇ ਜੀਐਸਟੀ ਅਧੀਨ ਮੁਕੱਦਮਾ ਚਲਾਉਣ ਦੀ ਸੀਮਾ ਵਧਾਉਣ ਦੀ ਸਿਫਾਰਸ਼ ਕੀਤੀ ਹੈ।

BYTE

ਜੁਰਮਾਨੇ ਅਤੇ ਕੈਦ ਬਾਰੇ ਫੈਸਲਾ ਸਮਰੱਥ ਅਦਾਲਤ ਦੇ ਵਿਵੇਕ 'ਤੇ ਛੱਡ ਦਿੱਤਾ ਗਿਆ ਹੈ। ਟੈਕਸਦਾਤਾਵਾਂ ਨੂੰ ਟੈਕਸ ਭਰਨ ਜਾਂ ਭੁਗਤਾਨ ਵਿੱਚ ਦੇਰੀ ਲਈ ਵਸੂਲੀ, ਵਿਆਜ ਅਤੇ ਅਨੁਪਾਤਕ ਜੁਰਮਾਨੇ ਦਾ ਸਾਹਮਣਾ

ਕਰਨਾ ਪਵੇਗਾ। ਵਿੱਤ ਮੰਤਰੀ ਨੇ ਕਿਹਾ ਕਿ ਦਰਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ । ਉਨ੍ਹਾਂ ਅੱਗੇ ਕਿਹਾ ਕਿ ਕੌਂਸਲ ਨੇ ਨੋਟਿਸਾਂ ਅਤੇ ਕਾਰਵਾਈਆਂ ਲਈ ਸਾਂਝੇ ਮਾਪਦੰਡਾਂ ਦੀ ਸਿਫਾਰਸ਼ ਕੀਤੀ ਹੈ।

BYTE

ਹੁਣ 10,000 ਰੁਪਏ ਦੀ ਮੁਦਰਾ ਸੀਮਾ ਤੋਂ ਘੱਟ ਲਈ ਨੋਟਿਸ ਹੁਣ ਜਾਰੀ ਨਹੀਂ ਕੀਤੇ ਜਾਣਗੇ । ਸ਼੍ਰੀਮਤੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਕੌਂਸਲ ਨੇ ਸਿਫਾਰਸ਼ ਕੀਤੀ ਹੈ ਕਿ ਸਾਮਾਨ ਦੀ ਜਾਂਚ ਅਤੇ ਜ਼ਬਤੀ ਸਿਰਫ ਸਪਲਾਈ ਕਰਨ ਵਾਲੇ ਜਾਂ ਮਾਲ ਦੀ ਅੰਤਮ ਮੰਜ਼ਿਲ ਵਾਲੇ ਰਾਜ ਦੇ ਅਧਿਕਾਰੀਆਂ ਵੱਲੋਂ ਕੀਤੀ ਜਾਵੇ। ਸਾਮਾਨ ਸਿਰਫ਼ ਖਾਸ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਅਤੇ ਸੰਯੁਕਤ ਕਮਿਸ਼ਨਰ ਪੱਧਰ ਦੇ ਅਧਿਕਾਰੀ ਦੀ ਇਜਾਜ਼ਤ ਨਾਲ ਹੀ ਜ਼ਬਤ ਕੀਤਾ ਜਾ ਸਕਦਾ ਹੈ। ਟੈਕਸਦਾਤਾਵਾਂ ਦੁਆਰਾ ਰਜਿਸਟ੍ਰੇਸ਼ਨ ਰੱਦ ਕਰਨ ਦੀ ਪ੍ਰਕਿਰਿਆ ਨੂੰ ਵੀ ਸਰਲ ਬਣਾਇਆ ਗਿਆ ਹੈ। ਰਿਫੰਡ ਦਾਅਵਿਆਂ ਲਈ ਪ੍ਰਵਾਨਗੀ ਦੀ ਮਿਆਦ 15 ਦਿਨਾਂ ਤੋਂ ਘਟਾ ਕੇ ਦਸ ਦਿਨ ਕਰ ਦਿੱਤੀ ਗਈ ਹੈ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ ਦਸਵੀਂ ਇੰਡੀਆ ਮੋਬਾਈਲ ਕਾਂਗਰਸ ਦਾ ਉਦਘਾਟਨ ਕੀਤਾ। ਇਸ 'ਚ ਦੂਰਸੰਚਾਰ, ਡਿਜੀਟਲ ਕਨੈਕਟੀਵਿਟੀ ਅਤੇ ਤਕਨੀਕੀ ਨਵੀਨਤਾ ਵਿੱਚ ਭਾਰਤ ਦੀ ਸ਼ਾਨਦਾਰ ਪ੍ਰਗਤੀ ਨੂੰ ਦਿਖਾਇਆ ਗਿਆ । ਇਸ ਮੌਕੇ 'ਤੇ ਬੋਲਦਿਆਂ , ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਇੰਡੀਆ ਮੋਬਾਈਲ ਕਾਂਗਰਸ ਪਲੇਟਫਾਰਮ ਨੇ ਭਾਰਤ ਵਿੱਚ ਦੂਰਸੰਚਾਰ ਖੇਤਰ

ਅਤੇ ਡਿਜੀਟਲ ਕਨੈਕਟੀਵਿਟੀ ਦੇ ਵਿਕਾਸ ਨੂੰ ਦੇਖਿਆ ਹੈ। ਉਨ੍ਹਾਂ ਕਿਹਾ ਕਿ ਇਸ ਮੰਚ  ਨੇ ਦੂਰਸੰਚਾਰ ਖੇਤਰ ਵਿੱਚ ਭਾਰਤ ਦੀ ਤਰੱਕੀ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ ਸਾਲਾਂ ਵਿੱਚ,ਮੰਚ ਭਾਰਤ ਦੀ ਤਰੱਕੀ ਅਤੇ ਇੱਛਾਵਾਂ ਨੂੰ ਪ੍ਰਦਰਸ਼ਿਤ ਕਰਨ ਵਾਲੇ ਮੰਚ ਵਜੋਂ ਉਭਰਿਆ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ 5G ਕਨੈਕਟੀਵਿਟੀ ਦੇਸ਼ ਦੇ ਹਰ ਜ਼ਿਲ੍ਹੇ ਤੱਕ ਪਹੁੰਚ ਗਈ ਹੈ। ਸ਼੍ਰੀ ਮੋਦੀ ਨੇ ਅੱਗੇ ਕਿਹਾ ਕਿ ਭਾਰਤ ਵਿੱਚ ਇਸ ਸਮੇਂ ਸਾਢੇ 5 ਲੱਖ  ਤੋਂ ਵੱਧ ਬੇਸ ਸਟੇਸ਼ਨ ਹਨ ਜੋ 5G ਕਨੈਕਟੀਵਿਟੀ ਚਲਾ ਰਹੇ ਨੇ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਡਿਜੀਟਲ ਕਨੈਕਟੀਵਿਟੀ ਨੇ ਸਿੱਖਿਆ, ਸਿਹਤ ਸੰਭਾਲ ਅਤੇ ਸਰਕਾਰੀ ਸੇਵਾਵਾਂ ਤੱਕ ਪਹੁੰਚ ਨੂੰ ਆਸਾਨ ਬਣਾਇਆ ਹੈ। ਪ੍ਰਧਾਨ ਮੰਤਰੀ  ਨੇ ਕਿਹਾ ਕਿ ਅੱਜ, ਦੂਰ-ਦੁਰਾਡੇ ਪਿੰਡਾਂ ਅਤੇ ਗਰੀਬ ਪਰਿਵਾਰਾਂ ਦਾ ਹਰ ਬੱਚਾ ਮਿਆਰੀ ਸਿੱਖਿਆ ਹਾਸਲ  ਕਰ ਸਕਦਾ ਹੈ।

BYTE

ਸ਼੍ਰੀ ਮੋਦੀ ਨੇ ਕਿਹਾ ਕਿ ਪਿਛਲੇ 10 ਤੋਂ 12 ਸਾਲਾਂ ਵਿੱਚ, ਮੋਬਾਈਲ ਫੋਨ ਨਾ ਸਿਰਫ਼ ਆਧੁਨਿਕ ਸੰਚਾਰ ਦਾ ਇੱਕ ਮਾਧਿਅਮ ਬਣ ਗਏ ਹਨ, ਸਗੋਂ ਚੰਗੇ ਸ਼ਾਸਨ ਲਈ ਇੱਕ ਮਹੱਤਵਪੂਰਨ ਸਾਧਨ ਵੀ ਬਣ ਗਏ ਨੇ । ਉਨ੍ਹਾਂ ਕਿਹਾ ਕਿ ਸੈਂਕੜੇ ਸਰਕਾਰੀ ਸੇਵਾਵਾਂ ਹੁਣ ਮੋਬਾਈਲ ਫੋਨਾਂ 'ਤੇ ਉਪਲਬਧ ਨੇ । ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਦੂਰਸੰਚਾਰ ਖੇਤਰ ਵਿੱਚ ਆਈ ਕ੍ਰਾਂਤੀ ਦਾ ਦੇਸ਼ ਦੇ ਲੋਕਾਂ ਨੂੰ ਲਾਭ ਹੋਇਆ ਹੈ।

---------------------------------------------------------------

ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ ਭਾਰਤ ਨੇ ਪਿਛਲੇ ਸਾਲ 863 ਅਰਬ ਡਾਲਰ ਦੀ ਬਰਾਮਦ ਦਰਜ ਕੀਤੀ ਸੀ ਅਤੇ ਇਸ ਸਾਲ 1 ਟ੍ਰਿਲੀਅਨ ਡਾਲਰ ਤੱਕ ਪਹੁੰਚਣ ਦਾ ਟੀਚਾ ਹੈ। ਸ਼੍ਰੀ ਗੋਇਲ ਨੇ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ 31ਵੇਂ CII PARTNERSHIP ਸੰਮੇਲਨ ਦੇ CURTAIN RAISER ਨੂੰ ਸੰਬੋਧਨ ਕਰਦਿਆਂ ਕਹੀ | ਇਹ ਸੰਮੇਲਨ ਅਗਲੇ ਮਹੀਨੇ ਦੀ 12 ਅਤੇ 13 ਤਰੀਕ ਨੂੰ ਵਿਸ਼ਾਖਾਪਟਨਮ ਵਿੱਚ ਹੋਵੇਗਾ। ਸ਼੍ਰੀ ਗੋਇਲ ਨੇ ਕਿਹਾ ਕਿ ਭਾਰਤ ਦੀ ਬਰਾਮਦ ਵਿੱਚ ਇੱਕ ਸਾਲ ਵਿੱਚ ਲਗਭਗ 16 ਫੀਸਦੀ ਦਾ ਵਾਧਾ ਹੋਇਆ ਏ | ਉਨ੍ਹਾਂ ਨੇ ਕਿਹਾ ਕਿ ਭਾਰਤੀ ਰਿਜ਼ਰਵ ਬੈਂਕ ਨੇ ਇੱਕ ਵਾਰ ਫਿਰ ਮੌਜੂਦਾ ਵਿੱਤੀ ਸਾਲ ਲਈ ਆਪਣੇ ਵਿਕਾਸ ਅਨੁਮਾਨ ਵਧਾਏ ਨੇ । ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਭਾਰਤ 7 ਫੀਸਦੀ ਤੋਂ ਵੱਧ ਦੀ ਦਰ ਨਾਲ ਵਿਕਾਸ ਕਰਦਾ ਰਹੇਗਾ ਅਤੇ ਸਭ ਤੋਂ ਤੇਜ਼ੀ ਨਾਲ ਵਧ ਰਹੀ ਵੱਡੀ ਅਰਥਵਿਵਸਥਾ ਬਣਿਆ ਰਹੇਗਾ। ਸ਼੍ਰੀ ਗੋਇਲ ਨੇ ਕਿਹਾ ਕਿ ਭਾਰਤ ਦੀ ਅਰਥਵਿਵਸਥਾ ਲਗਭਗ 4 ਟ੍ਰਿਲੀਅਨ ਡਾਲਰ ਹੈ ਅਤੇ 2047 ਤੱਕ 30 ਟ੍ਰਿਲੀਅਨ ਡਾਲਰ ਤੱਕ ਪਹੁੰਚਣ ਦੀ ਸਮਰੱਥਾ ਰੱਖਦੀ ਏ ।

---------------------------------------------------------------

ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਸਰਕਾਰ ਸਟਾਰਟਅੱਪਸ,ਸਿੱਖਿਆ ਸੰਸਥਾਵਾਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਦੀ ਇੱਕ ਵਿਸ਼ਾਲ ਸ਼੍ਰੇਣੀ ਲਈ AI

ਤੱਕ ਪਹੁੰਚ ਯਕੀਨੀ ਬਣਾਉਣ ਲਈ ਵਚਨਬੱਧ ਹੈ। ਅੱਜ ਨਵੀਂ ਦਿੱਲੀ ਵਿੱਚ ਵਿਸ਼ਵ ਵਿਕਾਸ ਰਿਪੋਰਟ 2026 ਜਾਰੀ ਕਰਦਿਆਂ , ਸ਼੍ਰੀ ਵੈਸ਼ਨਵ ਨੇ ਕਿਹਾ ਕਿ ਭਾਰਤ ਹੁਣ ਉਨ੍ਹਾਂ ਦੇਸ਼ਾਂ ਵਿੱਚੋਂ ਇੱਕ ਹੈ ਜਿਨ੍ਹਾਂ ਨੇ AI ਨੂੰ ਅਪਣਾਇਆ ਹੈ ਅਤੇ ਇਸਦੇ ਅਸਲ ਲਾਭ ਪ੍ਰਾਪਤ ਕੀਤੇ ਨੇ । ਉਨ੍ਹਾਂ ਕਿਹਾ ਕਿ ਤਕਨਾਲੋਜੀ ਦੇ ਅਸਲ ਲਾਭ ਉਦੋਂ ਹੀ ਮਿਲਦੇ ਨੇ  ਜਦੋਂ ਇਸਦੀ ਵਰਤੋਂ ਉਤਪਾਦਕਤਾ ਵਧਾਉਣ, ਲਾਗਤ ਘਟਾਉਣ, ਆਮਦਨ ਵਧਾਉਣ ਅਤੇ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਕੀਤੀ ਜਾਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਨਵੀਂ ਤਕਨਾਲੋਜੀ ਛੋਟੇ ਅਤੇ ਦਰਮਿਆਨੇ ਆਕਾਰ ਦੇ ਉੱਦਮਾਂ ਲਈ ਵੀ ਮਹੱਤਵਪੂਰਨ ਮੌਕੇ ਪੈਦਾ ਕਰੇਗੀ।

-----------------------------------------------------

ਕੇਂਦਰੀ ਜਾਂਚ ਬਿਊਰੋ CBI ਨੇ ਦਿੱਲੀ, ਹਰਿਆਣਾ ਬਿਹਾਰ ਅਤੇ ਪੱਛਮੀ ਬੰਗਾਲ ਵਿੱਚ ਇੱਕ ਬੈਂਕਿੰਗ ਭਰਤੀ ਧੋਖਾਧੜੀ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। CBI  ਨੇ ਇੱਕ CGST ਇੰਸਪੈਕਟਰ ਸਮੇਤ ਚਾਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਇੰਸਟੀਚਿਊਟ ਆਫ਼ ਬੈਂਕਿੰਗ ਪਰਸੋਨਲ ਸਿਲੈਕਸ਼ਨ ਦੀ ਸ਼ਿਕਾਇਤ ਦੇ ਆਧਾਰ 'ਤੇ ਮਾਮਲੇ ਵਿੱਚ ਐਫਆਈਆਰ ਦਰਜ ਕੀਤੀ ਗਈ ਸੀ। CBI ਨੇ ਕਿਹਾ ਕਿ ਦੋਸ਼ੀ ਅਸਲੀ ਉਮੀਦਵਾਰਾਂ ਦੀ ਥਾਂ ਖੁਦ ਭਰਤੀ ਪ੍ਰੀਖਿਆਵਾਂ ਵਿੱਚ ਬੈਠਦੇ ਸਨ ।

-----------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਅੱਜ ਜਾਪਾਨ ਦੇ ਸਾਬਕ ਮਰਹੂਮ ਪ੍ਰਧਾਨ ਮੰਤਰੀ ਸ਼ਿੰਜੋ ਆਬੇ ਦੀ ਪਤਨੀ ਅਕੀ ਆਬੇ ਨਾਲ ਮੁਲਾਕਾਤ

ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਉਹ ਭਾਰਤ ਨਾਲ ਉਨ੍ਹਾਂ ਦੇ ਲੰਬੇ ਸਮੇਂ ਦੇ ਸਬੰਧਾਂ ਦੀ ਬਹੁਤ ਕਦਰ ਕਰਦੇ ਨੇ । ਉਨ੍ਹਾਂ ਕਿਹਾ ਕਿ ਸ਼ਿੰਜੋ ਆਬੇ ਇੱਕ ਕਰੀਬੀ ਦੋਸਤ ਅਤੇ ਇੱਕ ਦੂਰਦਰਸ਼ੀ ਨੇਤਾ ਸਨ ਜਿਨ੍ਹਾਂ ਨੇ ਭਾਰਤ-ਜਾਪਾਨ ਸਬੰਧਾਂ ਨੂੰ ਨਵੀਆਂ ਉਚਾਈਆਂ 'ਤੇ ਲਿਜਾਣ ਵਿੱਚ ਮੁੱਖ ਭੂਮਿਕਾ ਨਿਭਾਈ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਕੱਲ੍ਹ ਵਾਰਾਣਸੀ ਦੇ ਰੁਦਰਾਕਸ਼ ਕਨਵੈਨਸ਼ਨ ਸੈਂਟਰ ਵਿਖੇ 'ਆਬੇ ਮੈਮੋਰੀਅਲ ਕੋਰੀਡੋਰ' ਦਾ ਉਦਘਾਟਨ ਭਾਰਤ-ਜਾਪਾਨ ਦੋਸਤੀ ਵਿੱਚ ਉਨ੍ਹਾਂ ਦੇ ਸਥਾਈ ਯੋਗਦਾਨ ਲਈ ਇੱਕ ਢੁਕਵੀਂ ਸ਼ਰਧਾਂਜਲੀ ਹੈ।

---------------------------------------------------------------

ਕੈਨੇਡੀਅਨ ਲੇਖਿਕਾ Anne  ਕਾਰਸਨ ਨੂੰ ਸਾਹਿਤ ਲਈ ਇਸ ਸਾਲ ਦਾ ਨੋਬਲ ਪੁਰਸਕਾਰ ਦਿੱਤਾ ਜਾਏਗਾ | ਸਵੀਡਿਸ਼ ਅਕੈਡਮੀ ਨੇ ਸਟਾਕਹੋਮ ਵਿੱਚ ਪੁਰਸਕਾਰ ਦਾ ਐਲਾਨ ਕੀਤਾ। ਇਨਾਮ 'ਚ 1 ਕਰੋੜ 20 ਲੱਖ SWEDISH KRONOR ਯਾਨਿ ਲਗਭਗ 12 ਲੱਖ ਅਮਰੀਕੀ ਡਾਲਰ ਦੀ ਰਾਸ਼ੀ ਦਿੱਤੀ ਜਾਏਗੀ |

---------------------------------------------------------------

ਭਾਰਤੀ ਜਨਤਾ ਪਾਰਟੀ ਨੇ ਕਾਂਗਰਸ 'ਤੇ ਦੇਸ਼ ਵਿੱਚ ਅਰਾਜਕਤਾ ਫੈਲਾਉਣ ਦਾ ਇਲਜ਼ਾਮ  ਲਗਾਇਆ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਰਾਸ਼ਟਰੀ ਮੀਡੀਆ ਕੋਆਰਡੀਨੇਟਰ ਸਿਧਾਰਥ ਯਾਦਵ ਨੇ ਇਲਜ਼ਾਮ ਲਗਾਇਆ ਕਿ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ, ਕਾਂਗਰਸ ਦੇ  ਪ੍ਰਦਰਸ਼ਨਾਂ ਵਿੱਚ ਆਮ ਲੋਕਾਂ ਨੇ ਹਿੱਸਾ ਨਹੀਂ ਲਿਆ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਦਾ

ਚਰਿੱਤਰ ਦੇਸ਼ ਦੇ ਸਾਹਮਣੇ ਬੇਨਕਾਬ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਅਰਾਜਕਤਾ ਨੂੰ ਕਿਸੇ ਵੀ ਰੂਪ ਵਿੱਚ ਅਪ੍ਰਵਾਨਯੋਗ ਹੈ ਅਤੇ BJP ਇਸਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਏ ।

---------------------------------------------------

42 ਸਾਬਕਾ ਜੱਜਾਂ ਨੇ ਭਾਰਤ ਦੇ ਲੋਕਾਂ ਨੂੰ ਇੱਕ ਖੁੱਲ੍ਹਾ ਪੱਤਰ ਲਿਖਿਆ ਹੈ ਜਿਸ ਵਿੱਚ ਚੋਣ ਕਮਿਸ਼ਨ, ਨਿਆਂਪਾਲਿਕਾ ਅਤੇ ਹੋਰ ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀਆਂ ਕੋਸ਼ਿਸ਼ਾਂ 'ਤੇ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਲਿਖਿਆ ਹੈ ਕਿ ਚੋਣ ਕਮਿਸ਼ਨ ਇਸ ਦੇ ਕੇਂਦਰ ਵਿੱਚ ਹੈ, ਅਤੇ ਇੱਥੋਂ ਤੱਕ ਕਿ ਉੱਚ ਨਿਆਂਪਾਲਿਕਾ ਅਤੇ ਕਾਨੂੰਨੀ ਏਜੰਸੀਆਂ ਵੀ ਇਸ ਤੋਂ ਮੁਕਤ ਨਹੀਂ ਨੇ । ਪੱਤਰ ਵਿੱਚ ਚਿੰਤਾ ਪ੍ਰਗਟ ਕੀਤੀ ਗਈ ਹੈ ਕਿ ਭਾਰਤ ਦੀਆਂ ਸੰਵਿਧਾਨਕ ਸੰਸਥਾਵਾਂ ਲਗਾਤਾਰ ਹਮਲੇ ਹੇਠ ਨੇ । ਉਨ੍ਹਾਂ ਦਾ ਇਲਜ਼ਾਮ ਹੈ ਕਿ ਇਹ ਇੱਕ ਮੁਹਿੰਮ ਹੈ ਜੋ ਸਵਾਰਥੀ ਰਾਜਨੀਤਿਕ ਹਿੱਤਾਂ ਦੁਆਰਾ ਚਲਾਈ ਜਾ ਰਹੀ ਹੈ, ਜਿਸ ਵਿੱਚ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਨੂੰ ਅਸਥਿਰ ਕਰਨ ਦੇ ਸੰਭਾਵੀ ਵਿਨਾਸ਼ਕਾਰੀ ਨਤੀਜਿਆਂ ਦੀ ਕੋਈ ਪਰਵਾਹ ਨਹੀਂ ਹੈ। ਪੱਤਰ 'ਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ (SIR) ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 21(3) ਦੇ ਤਹਿਤ ਵੈਧ ਹੈ।

---------------------------------------------------

- ਵਸਤੂ ਅਤੇ ਸੇਵਾ ਟੈਕਸ - GST ਕੌਂਸਲ ਨੇ ਟੈਕਸ ਅਧਿਕਾਰੀਆਂ ਦਾ ਗ੍ਰਿਫ਼ਤਾਰੀ ਦਾ ਅਧਿਕਾਰ ਖਤਮ ਕਰ ਦਿੱਤਾ ਏ । ਕੌਂਸਲ ਨੇ

ਮੁਕੱਦਮਾ ਚਲਾਉਣ ਦੀ ਸੀਮਾ 1 ਕਰੋੜ ਰੁਪਏ ਤੋਂ ਵਧਾ ਕੇ 5 ਕਰੋੜ ਰੁਪਏ ਕਰ ਦਿੱਤੀ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਡਿਜੀਟਲ ਕਨੈਕਟੀਵਿਟੀ ਨੇ ਸਿੱਖਿਆ, ਸਿਹਤ ਸੰਭਾਲ ਅਤੇ ਸਰਕਾਰੀ ਸੇਵਾਵਾਂ ਤੱਕ ਪਹੁੰਚ ਨੂੰ ਆਸਾਨ ਬਣਾਇਆ ਏ |

- ਭਾਰਤ ਨੇ ਪਿਛਲੇ ਸਾਲ 863 ਅਰਬ ਡਾਲਰ ਦੀ ਬਰਾਮਦ ਦਰਜ ਕੀਤੀ ਏ ਅਤੇ ਇਸ ਸਾਲ 1 ਟ੍ਰਿਲੀਅਨ ਡਾਲਰ ਤੱਕ ਪਹੁੰਚਣ ਦਾ ਟੀਚਾ ਰੱਖਿਆ ਏ।

- ELECTRONICS ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਹੈ ਕਿ ਸਰਕਾਰ ਸਟਾਰਟਅੱਪਸ ,ਸਿੱਖਿਆ ਸੰਸਥਾਵਾਂ, ਖੋਜਕਰਤਾਵਾਂ ਅਤੇ ਵਿਦਿਆਰਥੀਆਂ ਲਈ ARTIFICIAL INTELLIGENCE ਤੱਕ ਪਹੁੰਚ ਯਕੀਨੀ ਬਣਾਉਣ ਲਈ ਵਚਨਬੱਧ ਏ।

- ਕੈਨੇਡੀਅਨ ਲੇਖਿਕਾ Anne ਕਾਰਸਨ ਨੂੰ ਸਾਹਿਤ ਲਈ ਇਸ ਸਾਲ ਦਾ ਨੋਬਲ ਪੁਰਸਕਾਰ ਦਿੱਤਾ ਜਾਏਗਾ |

-----------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**